**ਪ੍ਰਧਾਨ ਮੰਤਰੀ ਨੇ ਕੁਵੈਤ ਦੇ ਕ੍ਰਾਊਨ ਪ੍ਰਿੰਸ ਨਾਲ ਮੁਲਾਕਾਤ ਕੀਤੀ**

22 ਦਸੰਬਰ, 2024

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਕੁਵੈਤ ਦੇ ਕ੍ਰਾਊਨ ਪ੍ਰਿੰਸ ਮਹਾਮਹਿਮ ਸ਼ੇਖ ਸਬਾਹ ਅਲ-ਖਾਲਿਦ ਅਲ-ਹਮਦ ਅਲ-ਮੁਬਾਰਕ ਅਲ-ਸਬਾਹ ਨਾਲ ਮੁਲਾਕਾਤ ਕੀਤੀ। ਪ੍ਰਧਾਨ ਮੰਤਰੀ ਨੇ ਸਤੰਬਰ 2024 ਵਿੱਚ ਸੰਯੁਕਤ ਰਾਸ਼ਟਰ ਮਹਾ ਸਭਾ (UNGA) ਦੇ ਸੈਸ਼ਨ ਦੇ ਮੌਕੇ 'ਤੇ ਮਹਾਮਹਿਮ ਕ੍ਰਾਊਨ ਪ੍ਰਿੰਸ ਦੇ ਨਾਲ ਆਪਣੀ ਮੁਲਾਕਾਤ ਨੂੰ ਸਨੇਹ ਨਾਲ ਯਾਦ ਕੀਤਾ।

2. ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਕੁਵੈਤ ਦੇ ਨਾਲ ਆਪਣੇ ਦੁਵੱਲੇ ਸਬੰਧਾਂ ਨੂੰ ਅਤਿਅਧਿਕ ਮਹੱਤਵ ਦਿੰਦਾ ਹੈ। ਦੋਹਾਂ ਲੀਡਰਾਂ ਨੇ ਸਵੀਕਾਰ ਕੀਤਾ ਕਿ ਦੁਵੱਲੇ ਸਬੰਧ ਚੰਗੀ ਤਰ੍ਹਾਂ ਨਾਲ ਅੱਗੇ ਵਧ ਰਹੇ ਹਨ ਅਤੇ ਉਨ੍ਹਾਂ ਨੇ ਸਬੰਧਾਂ ਨੂੰ ਰਣਨੀਤਕ ਸਾਂਝੇਦਾਰੀ ਦੇ ਪੱਧਰ ਤੱਕ ਵਧਾਉਣ ਦਾ ਸੁਆਗਤ ਕੀਤਾ। ਦੋਹਾਂ ਨੇਤਾਵਾਂ ਨੇ ਸੰਯੁਕਤ ਰਾਸ਼ਟਰ ਅਤੇ ਹੋਰ ਬਹੁਪੱਖੀ ਮੰਚਾਂ 'ਤੇ ਦੋਹਾਂ ਧਿਰਾਂ ਦੇ ਵਿਚਕਾਰ ਨਿਕਟ ਦੇ ਤਾਲਮੇਲ 'ਤੇ ਜ਼ੋਰ ਦਿੱਤਾ। ਪ੍ਰਧਾਨ ਮੰਤਰੀ ਨੇ ਵਿਸ਼ਵਾਸ ਜਤਾਇਆ ਕਿ ਕੁਵੈਤ ਦੀ ਪ੍ਰਧਾਨਗੀ ਵਿੱਚ ਭਾਰਤ- GCC ਸਬੰਧ ਹੋਰ ਮਜ਼ਬੂਤ ਹੋਣਗੇ।

3. ਪ੍ਰਧਾਨ ਮੰਤਰੀ ਨੇ ਕੁਵੈਤ ਦੇ ਮਹਾਮਹਿਮ ਕ੍ਰਾਊਨ ਪ੍ਰਿੰਸ ਨੂੰ ਆਪਸੀ ਸੁਵਿਧਾਜਨਕ ਤਾਰੀਖ 'ਤੇ ਭਾਰਤ ਆਉਣ ਦੇ ਲਈ ਸੱਦਾ ਦਿੱਤਾ।

4. ਕੁਵੈਤ ਦੇ ਮਹਾਮਹਿਮ ਕ੍ਰਾਊਨ ਪ੍ਰਿੰਸ ਨੇ ਪ੍ਰਧਾਨ ਮੰਤਰੀ ਦੇ ਸਨਮਾਨ ਵਿੱਚ ਇੱਕ ਭੋਜ ਦਾ ਆਯੋਜਨ ਕੀਤਾ।

**ਕੁਵੈਤ**

**22 ਦਸੰਬਰ, 2024**